ਸਾਰਗ ਮਹਲਾ ੫ ॥ ਹਰਿ ਕੇ ਨਾਮ ਕੀ ਮਤਿ ਸਾਰ ॥ ਹਰਿ ਬਿਸਾਰਿ ਜੁ ਆਨ ਰਾਚਹਿ ਮਿਥਨ ਸਭ ਬਿਸਥਾਰ ॥੧॥ ਰਹਾਉ ॥ ਸਾਧਸੰਗਮਿ ਭਜੁ ਸੁਆਮੀ ਪਾਪ ਹੋਵਤ ਖਾਰ ॥ ਚਰਨਾਰਬਿੰਦ ਬਸਾਇ ਹਿਰਦੈ ਬਹੁਰਿ ਜਨਮ ਨ ਮਾਰ ॥੧॥ ਕਰਿ ਅਨੁਗ੍ਰਹ ਰਾਖਿ ਲੀਨੇ ਏਕ ਨਾਮ ਅਧਾਰ ॥ ਦਿਨ ਰੈਨਿ ਸਿਮਰਤ ਸਦਾ ਨਾਨਕ ਮੁਖ ਊਜਲ ਦਰਬਾਰਿ ॥੨॥੧੦੩॥੧੨੬॥ {ਪੰਨਾ 1228}

ਪਦਅਰਥ:- ਨਾਮ ਕੀ ਮਤਿ—ਨਾਮ ਸਿਮਰਨ ਵਾਲੀ ਅਕਲ। ਸਾਰ—ਸ੍ਰੇਸ਼ਟ। ਬਿਸਾਰਿ—ਭੁਲਾ ਕੇ। ਜੁ—ਜਿਹੜੇ ਮਨੁੱਖ। ਆਨ—ਹੋਰ ਹੋਰ (ਕੰਮਾਂ) ਵਿਚ। ਰਾਚਹਿ—ਮਸਤ ਰਹਿੰਦੇ ਹਨ। ਮਿਥਨ—ਨਾਸਵੰਤ, ਵਿਅਰਥ। ਬਿਸਥਾਰ—ਖਿਲਾਰੇ, ਖਲਜਗਨ।1। ਰਹਾਉ।

ਸਾਧ ਸੰਗਮਿ—ਸਾਧ ਸੰਗਤਿ ਵਿਚ। ਭਜੁ—ਭਜਨ ਕਰਿਆ ਕਰ। ਖਾਰ—ਖ਼ੁਆਰ, ਨਾਸ। ਚਰਨਾਰਬਿੰਦ—{ਚਰਨ-ਅਰਬਿੰਦ। ਅਰਬਿੰਦ—ਕੌਲ ਫੁੱਲ} ਕੌਲ ਫੁੱਲਾਂ ਵਰਗੇ ਸੋਹਣੇ ਚਰਨ। ਬਸਾਇ—ਵਸਾਈ ਰੱਖ। ਹਿਰਦੈ—ਹਿਰਦੇ ਵਿਚ। ਬਹੁਰਿ—ਮੁੜ। ਜਨਮ ਨ ਮਾਰ—ਨਾਹ ਜਨਮ ਨਾਹ ਮਰਨ।1।

ਕਰਿ—ਕਰ ਕੇ। ਅਨੁਗ੍ਰਹ—ਕਿਰਪਾ। ਅਧਾਰ—ਆਸਰਾ। ਰੈਨਿ—ਰਾਤ। ਸਿਮਰਤ—ਸਿਮਰਦਿਆਂ। ਦਰਬਾਰਿ—ਪ੍ਰਭੂ ਦੀ ਹਜ਼ੂਰੀ ਵਿਚ।2।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ (ਵਲ ਪ੍ਰੇਰਨ) ਵਾਲੀ ਅਕਲ (ਹੋਰ ਹੋਰ ਕੰਮਾਂ ਵਲ ਪ੍ਰੇਰਨ ਵਾਲੀਆਂ ਅਕਲਾਂ ਨਾਲੋਂ) ਸ੍ਰੇਸ਼ਟ ਹੈ। ਜਿਹੜੇ ਮਨੁੱਖ ਪਰਮਾਤਮਾ ਨੂੰ ਭੁਲਾ ਕੇ ਹੋਰ ਹੋਰ ਆਹਰਾਂ ਵਿਚ ਸਦਾ ਰੁੱਝੇ ਰਹਿੰਦੇ ਹਨ ਉਹਨਾਂ ਦੇ ਸਾਰੇ ਖਿਲਾਰੇ (ਆਖ਼ਿਰ) ਵਿਅਰਥ ਜਾਂਦੇ ਹਨ।1। ਰਹਾਉ।

ਹੇ ਭਾਈ! ਸਾਧ ਸੰਗਤਿ ਵਿਚ (ਟਿਕ ਕੇ) ਮਾਲਕ-ਪ੍ਰਭੂ ਦਾ ਭਜਨ ਕਰਿਆ ਕਰ (ਸਿਮਰਨ ਦੀ ਬਰਕਤਿ ਨਾਲ) ਸਾਰੇ ਪਾਪ ਨਾਸ ਹੋ ਜਾਂਦੇ ਹਨ। ਹੇ ਭਾਈ! ਪਰਮਾਤਮਾ ਦੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਵਸਾਈ ਰੱਖ, ਮੁੜ ਜਨਮ ਮਰਨ ਦਾ ਗੇੜ ਨਹੀਂ ਹੋਵੇਗਾ।1।

ਹੇ ਨਾਨਕ! ਮਿਹਰ ਕਰ ਕੇ ਜਿਨ੍ਹਾਂ ਮਨੁੱਖਾਂ ਦੀ ਪ੍ਰਭੂ ਰੱਖਿਆ ਕਰਦਾ ਹੈ, ਉਹਨਾਂ ਨੂੰ ਆਪਣੇ ਨਾਮ ਦਾ ਹੀ ਸਹਾਰਾ ਦੇਂਦਾ ਹੈ। ਦਿਨ ਰਾਤ ਸਦਾ ਸਿਮਰਨ ਕਰਦਿਆਂ ਉਹਨਾਂ ਦੇ ਮੂੰਹ ਪ੍ਰਭੂ ਦੇ ਦਰਬਾਰ ਵਿਚ ਉਜਲੇ ਹੋ ਜਾਂਦੇ ਹਨ।2। 103। 126।